ਰਾਗੁ ਗੋਂਡ ਬਾਣੀ ਰਵਿਦਾਸ ਜੀਉ ਕੀ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਮੁਕੰਦ ਮੁਕੰਦ ਜਪਹੁ ਸੰਸਾਰ ॥ ਬਿਨੁ ਮੁਕੰਦ ਤਨੁ ਹੋਇ ਅਉਹਾਰ ॥ ਸੋਈ ਮੁਕੰਦੁ ਮੁਕਤਿ ਕਾ ਦਾਤਾ ॥ ਸੋਈ ਮੁਕੰਦੁ ਹਮਰਾ ਪਿਤ ਮਾਤਾ ॥੧॥ ਜੀਵਤ ਮੁਕੰਦੇ ਮਰਤ ਮੁਕੰਦੇ ॥ ਤਾ ਕੇ ਸੇਵਕ ਕਉ ਸਦਾ ਅਨੰਦੇ ॥੧॥ ਰਹਾਉ ॥ ਮੁਕੰਦ ਮੁਕੰਦ ਹਮਾਰੇ ਪ੍ਰਾਨੰ ॥ ਜਪਿ ਮੁਕੰਦ ਮਸਤਕਿ ਨੀਸਾਨੰ ॥ ਸੇਵ ਮੁਕੰਦ ਕਰੈ ਬੈਰਾਗੀ ॥ ਸੋਈ ਮੁਕੰਦੁ ਦੁਰਬਲ ਧਨੁ ਲਾਧੀ ॥੨॥ ਏਕੁ ਮੁਕੰਦੁ ਕਰੈ ਉਪਕਾਰੁ ॥ ਹਮਰਾ ਕਹਾ ਕਰੈ ਸੰਸਾਰੁ ॥ ਮੇਟੀ ਜਾਤਿ ਹੂਏ ਦਰਬਾਰਿ ॥ ਤੁਹੀ ਮੁਕੰਦ ਜੋਗ ਜੁਗ ਤਾਰਿ ॥੩॥ ਉਪਜਿਓ ਗਿਆਨੁ ਹੂਆ ਪਰਗਾਸ ॥ ਕਰਿ ਕਿਰਪਾ ਲੀਨੇ ਕੀਟ ਦਾਸ ॥ ਕਹੁ ਰਵਿਦਾਸ ਅਬ ਤ੍ਰਿਸਨਾ ਚੂਕੀ ॥ ਜਪਿ ਮੁਕੰਦ ਸੇਵਾ ਤਾਹੂ ਕੀ ॥੪॥੧॥ {ਪੰਨਾ 875}

ਪਦਅਰਥ:- ਮੁਕੰਦ—{Skt. mukuNd—mukuz ddwiq eiq—One who gives salvation} ਮੁਕਤੀ-ਦਾਤਾ ਪ੍ਰਭੂ। ਸੰਸਾਰ—ਹੇ ਸੰਸਾਰ! ਹੇ ਲੋਕੋ! ਅਉਹਾਰ—{Skt. AvhwXL—to be taken away} ਨਾਸਵੰਤ (ਭਾਵ, ਵਿਅਰਥ ਜਾਣ ਵਾਲਾ)।1।

ਜੀਵਤ—ਜੀਊਂਦਿਆਂ, ਸਾਰੀ ਉਮਰ। ਮਰਤ—ਮਰਨ ਵੇਲੇ ਭੀ। ਤਾ ਕੇ—ਉਸ ਮੁਕੰਦ ਦੇ।1। ਰਹਾਉ।

ਪ੍ਰਾਨੰ—ਜਿੰਦ, ਆਸਰਾ। ਮਸਤਕਿ—ਮੱਥੇ ਉੱਤੇ। ਨੀਸਾਨੰ—ਨਿਸ਼ਾਨ, ਨੂਰ। ਸੇਵ ਮੁਕੰਦ—ਮੁਕੰਦ ਦੀ ਸੇਵਾ। ਬੈਰਾਗੀ—ਵੈਰਾਗਵਾਨ। ਦੁਰਬਲ—ਕਮਜ਼ੋਰ ਨੂੰ, ਨਿਰਧਨ ਨੂੰ। ਲਾਧੀ—(ਮੈਨੂੰ) ਲੱਭਾ।2।

ਉਪਕਾਰੁ—ਮਿਹਰ, ਭਲਾਈ। ਕਹਾ ਕਰੈ—ਕੁਝ ਵਿਗਾੜ ਨਹੀਂ ਸਕਦਾ। ਦਰਬਾਰਿ—ਦਰਬਾਰੀ, ਪ੍ਰਭੂ ਦੀ ਹਜ਼ੂਰੀ ਵਿਚ ਵੱਸਣ ਵਾਲੇ। ਜੋਗ ਜੁਗ—ਜੁਗਾਂ ਜੁਗਾਂ ਵਿਚ। ਤਾਰਿ—ਤਾਰਨਹਾਰ।3।

ਪਰਗਾਸ—ਚਾਨਣ। ਕੀਟ—ਕੀੜੇ, ਨਿਮਾਣੇ। ਚੂਕੀ—ਮੁੱਕ ਗਈ। ਤਾਹੂ ਕੀ—ਉਸ ਮੁਕੰਦ ਦੀ ਹੀ। ਜਪਿ—ਜਪੀਂ, ਮੈਂ ਜਪਦਾ ਹਾਂ।4।

ਅਰਥ:- ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਦੇਣ ਵਾਲੇ ਪ੍ਰਭੂ ਦੀ ਬੰਦਗੀ ਕਰਨ ਵਾਲੇ ਨੂੰ ਸਦਾ ਹੀ ਅਨੰਦ ਬਣਿਆ ਰਹਿੰਦਾ ਹੈ, ਕਿਉਂਕਿ ਉਹ ਜਿਊਂਦਾ ਭੀ ਪ੍ਰਭੂ ਨੂੰ ਸਿਮਰਦਾ ਹੈ ਤੇ ਮਰਦਾ ਭੀ ਉਸੇ ਨੂੰ ਯਾਦ ਕਰਦਾ ਹੈ (ਸਾਰੀ ਉਮਰ ਹੀ ਪ੍ਰਭੂ ਨੂੰ ਚੇਤੇ ਰੱਖਦਾ ਹੈ)।1। ਰਹਾਉ।

ਹੇ ਲੋਕੋ! ਮੁਕਤੀ-ਦਾਤੇ ਪ੍ਰਭੂ ਨੂੰ ਸਦਾ ਸਿਮਰੋ, ਉਸ ਦੇ ਸਿਮਰਨ ਤੋਂ ਬਿਨਾ ਇਹ ਸਰੀਰ ਵਿਅਰਥ ਹੀ

ਚਲਾ ਜਾਂਦਾ ਹੈ। ਮੇਰਾ ਤਾਂ ਮਾਂ ਪਿਉ ਹੀ ਉਹ ਪ੍ਰਭੂ ਹੈ, ਉਹੀ ਦੁਨੀਆ ਦੇ ਬੰਧਨਾਂ ਤੋਂ ਮੇਰੀ ਰਾਖੀ ਕਰ ਸਕਦਾ ਹੈ।1।

ਪ੍ਰਭੂ ਦਾ ਸਿਮਰਨ ਮੇਰੀ ਜਿੰਦ (ਦਾ ਆਸਰਾ ਬਣ ਗਿਆ) ਹੈ, ਪ੍ਰਭੂ ਨੂੰ ਸਿਮਰ ਕੇ ਮੇਰੇ ਮੱਥੇ ਉੱਤੇ ਭਾਗ ਜਾਗ ਪਏ ਹਨ; ਪ੍ਰਭੂ ਦੀ ਭਗਤੀ (ਮਨੁੱਖ ਨੂੰ) ਵੈਰਾਗਵਾਨ ਕਰ ਦੇਂਦੀ ਹੈ, ਮੈਨੂੰ ਗ਼ਰੀਬ ਨੂੰ ਪ੍ਰਭੂ ਦਾ ਨਾਮ ਹੀ ਧਨ ਲੱਭ ਪਿਆ ਹੈ।2।

ਜੇ ਇੱਕ ਪਰਮਾਤਮਾ ਮੇਰੇ ਉੱਤੇ ਮਿਹਰ ਕਰੇ, ਤਾਂ (ਮੈਨੂੰ ਚਮਾਰ ਚਮਾਰ ਆਖਣ ਵਾਲੇ ਇਹ) ਲੋਕ ਮੇਰਾ ਕੁਝ ਭੀ ਵਿਗਾੜ ਨਹੀਂ ਸਕਦੇ। ਹੇ ਪ੍ਰਭੂ! (ਤੇਰੀ ਭਗਤੀ ਨੇ) ਮੇਰੀ (ਨੀਵੀਂ) ਜਾਤ (ਵਾਲੀ ਢਹਿੰਦੀ ਕਲਾ ਮੇਰੇ ਅੰਦਰੋਂ) ਮਿਟਾ ਦਿੱਤੀ ਹੈ, ਕਿਉਂਕਿ ਮੈਂ ਸਦਾ ਤੇਰੇ ਦਰ ਤੇ ਹੁਣ ਰਹਿੰਦਾ ਹਾਂ; ਤੂੰ ਹੀ ਸਦਾ ਮੈਨੂੰ (ਦੁਨੀਆ ਦੇ ਬੰਧਨਾਂ ਤੇ ਮੁਥਾਜੀਆਂ ਤੋਂ) ਪਾਰ ਲੰਘਾਉਣ ਵਾਲਾ ਹੈਂ।3।

(ਪ੍ਰਭੂ ਦੀ ਬੰਦਗੀ ਨਾਲ ਮੇਰੇ ਅੰਦਰ) ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ ਹੈ, ਚਾਨਣ ਹੋ ਗਿਆ ਹੈ। ਮਿਹਰ ਕਰ ਕੇ ਮੈਨੂੰ ਨਿਮਾਣੇ ਦਾਸ ਨੂੰ ਪ੍ਰਭੂ ਨੇ ਆਪਣਾ ਬਣਾ ਲਿਆ ਹੈ। ਹੇ ਰਵਿਦਾਸ! ਆਖ—ਹੁਣ ਮੇਰੀ ਤ੍ਰਿਸ਼ਨਾ ਮੁੱਕ ਗਈ ਹੈ, ਮੈਂ ਹੁਣ ਪ੍ਰਭੂ ਨੂੰ ਸਿਮਰਦਾ ਹਾਂ, ਨਿੱਤ ਪ੍ਰਭੂ ਦੀ ਹੀ ਭਗਤੀ ਕਰਦਾ ਹਾਂ।4।1।

ਸ਼ਬਦ ਦਾ ਭਾਵ:- ਪਰਮਾਤਮਾ ਦਾ ਸਿਮਰਨ ਕਰਿਆ ਕਰੋ। ਸਿਮਰਨ ਨੀਵਿਆਂ ਨੂੰ ਉੱਚਾ ਕਰ ਦੇਂਦਾ ਹੈ, ਤ੍ਰਿਸ਼ਨਾ ਮੁਕਾ ਦੇਂਦਾ ਹੈ।